ਸੋਰਠਿ ਮਹਲਾ ੫ ਘਰੁ ੧ ਚੌਤੁਕੇ ॥ ਗੁਰੁ ਗੋਵਿੰਦੁ ਸਲਾਹੀਐ ਭਾਈ ਮਨਿ ਤਨਿ ਹਿਰਦੈ ਧਾਰ ॥ ਸਾਚਾ ਸਾਹਿਬੁ ਮਨਿ ਵਸੈ ਭਾਈ ਏਹਾ ਕਰਣੀ ਸਾਰ ॥ ਜਿਤੁ ਤਨਿ ਨਾਮੁ ਨ ਊਪਜੈ ਭਾਈ ਸੇ ਤਨ ਹੋਏ ਛਾਰ ॥ ਸਾਧਸੰਗਤਿ ਕਉ ਵਾਰਿਆ ਭਾਈ ਜਿਨ ਏਕੰਕਾਰ ਅਧਾਰ ॥ ੧॥ ਸੋਈ ਸਚੁ ਅਰਾਧਣਾ ਭਾਈ ਜਿਸ ਤੇ ਸਭੁ ਕਿਛੁ ਹੋਇ ॥ ਗੁਰਿ ਪੂਰੈ ਜਾਣਾਇਆ ਭਾਈ ਤਿਸੁ ਬਿਨੁ ਅਵਰੁ ਨ ਕੋਇ ॥ ਰਹਾਉ ॥ ਨਾਮ ਵਿਹੂਣੇ ਪਚਿ ਮੁਏ ਭਾਈ ਗਣਤ ਨ ਜਾਇ ਗਣੀ ॥ ਵਿਣੁ ਸਚ ਸੋਚ ਨ ਪਾਈਐ ਭਾਈ ਸਾਚਾ ਅਗਮ ਧਣੀ ॥ ਆਵਣ ਜਾਣੁ ਨ ਚੁਕਈ ਭਾਈ ਝੂਠੀ ਦੁਨੀ ਮਣੀ ॥ ਗੁਰਮੁਖਿ ਕੋਟਿ ਉਧਾਰਦਾ ਭਾਈ ਦੇ ਨਾਵੈ ਏਕ ਕਣੀ ॥ ੨॥ ਸਿੰਮ੍ਰਿਤਿ ਸਾਸਤ ਸੋਧਿਆ ਭਾਈ ਵਿਣੁ ਸਤਿਗੁਰ ਭਰਮੁ ਨ ਜਾਇ ॥ ਅਨਿਕ ਕਰਮ ਕਰਿ ਥਾਕਿਆ ਭਾਈ ਫਿਰਿ ਫਿਰਿ ਬੰਧਨ ਪਾਇ ॥ ਚਾਰੇ ਕੁੰਡਾ ਸੋਧੀਆ ਭਾਈ ਵਿਣੁ ਸਤਿਗੁਰ ਨਾਹੀ ਜਾਇ ॥ ਵਡਭਾਗੀ ਗੁਰੁ ਪਾਇਆ ਭਾਈ ਹਰਿ ਹਰਿ ਨਾਮੁ ਧਿਆਇ ॥ ੩॥ ਸਚੁ ਸਦਾ ਹੈ ਨਿਰਮਲਾ ਭਾਈ ਨਿਰਮਲ ਸਾਚੇ ਸੋਇ ॥ ਨਦਰਿ ਕਰੇ ਜਿਸੁ ਆਪਣੀ ਭਾਈ ਤਿਸੁ ਪਰਾਪਤਿ ਹੋਇ ॥ ਕੋਟਿ ਮਧੇ ਜਨੁ ਪਾਈਐ ਭਾਈ ਵਿਰਲਾ ਕੋਈ ਕੋਇ ॥ ਨਾਨਕ ਰਤਾ ਸਚਿ ਨਾਮਿ ਭਾਈ ਸੁਣਿ ਮਨੁ ਤਨੁ ਨਿਰਮਲੁ ਹੋਇ ॥੪॥੨॥ {ਪੰਨਾ 608}

ਨੋਟ:- ਚੌ-ਤੁਕੇ—ਚਾਰ ਚਾਰ ਤੁਕਾਂ ਵਾਲੇ 'ਬੰਦ'। ਇਸ ਸ਼ਬਦ ਦੇ ਹਰੇਕ 'ਬੰਦ' ਵਿਚ ਚਾਰ ਤੁਕਾਂ ਹਨ।

ਪਦਅਰਥ:- ਸਲਾਹੀਐ—ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ। ਮਨਿ—ਮਨ ਵਿਚ। ਤਨਿ—ਤਨ ਵਿਚ। ਧਾਰ—ਧਾਰਿ, ਧਾਰ ਕੇ, ਟਿਕਾ ਕੇ। ਸਾਚਾ—ਸਦਾ ਕਾਇਮ ਰਹਿਣ ਵਾਲਾ। ਸਾਰ—ਸ੍ਰੇਸ਼ਟ। ਕਰਣੀ—ਕਰਤੱਬ। ਜਿਤੁ—ਜਿਸ ਵਿਚ। ਜਿਤੁ ਤਨਿ—ਜਿਤੁ ਜਿਤੁ ਤਨਿ, ਜਿਸ ਜਿਸ ਸਰੀਰ ਵਿਚ। ਸੇ ਤਨ—ਉਹ (ਸਾਰੇ) ਸਰੀਰ। ਛਾਰ—ਸੁਆਹ। ਕਉ—ਤੋਂ। ਵਾਰਿਆ—ਕੁਰਬਾਨ। ਸਾਧ ਸੰਗਤਿ ਕਉ—ਉਹਨਾਂ ਗੁਰਮੁਖਾਂ ਦੀ ਸੰਗਤਿ ਤੋਂ। ਅਧਾਰ—ਆਸਰਾ।1।

ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ। ਜਿਸ ਤੇ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ} ਜਿਸ ਤੋਂ। ਗੁਰਿ—ਗੁਰੂ ਨੇ। ਰਹਾਉ।

ਪਚਿ—(ਮਾਇਆ ਦੇ ਮੋਹ ਵਿਚ) ਖ਼ੁਆਰ ਹੋ ਹੋ, ਉਲਝ ਕੇ। ਮੁਏ—ਆਤਮਕ ਮੌਤੇ ਮਰ ਗਏ। ਗਣਤ—ਗਿਣਤੀ। ਵਿਣੁ ਸਚ—ਸਦਾ-ਥਿਰ ਪ੍ਰਭੂ (ਦੇ ਨਾਮ) ਤੋਂ ਬਿਨਾ। ਸੋਚ—(ਆਤਮਕ) ਪਵਿਤ੍ਰਤਾ। ਅਗਮ—ਅਪਹੁੰਚ। ਧਣੀ—ਮਾਲਕ। ਦੁਨੀ ਮਣੀ—ਦੁਨੀਆ (ਦੇ ਪਦਾਰਥਾਂ) ਦਾ ਮਾਣ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਕੋਟਿ—ਕ੍ਰੋੜਾਂ ਨੂੰ। ਨਾਵੈ—ਨਾਮ ਦੀ।2।

ਸੋਧਿਆ—ਵਿਚਾਰ ਵੇਖੇ ਹਨ। ਭਰਮੁ—ਭਟਕਣਾ। ਨ ਜਾਇ—ਨਹੀਂ ਜਾਂਦੀ। ਪਾਇ—ਸਹੇੜਦਾ ਹੈ। ਜਾਇ—ਥਾਂ। ਧਿਆਇ—ਧਿਆਉਂਦਾ ਹੈ।3।

ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ। ਨਿਰਮਲਾ—ਪਵਿਤ੍ਰ। ਸਾਚੇ ਸੋਇ—ਸਦਾ-ਥਿਰ ਪ੍ਰਭੂ ਦੀ ਸੋਭਾ, ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ। ਮਧੇ—ਵਿਚ। ਸਚਿ—ਸਦਾ-ਥਿਰ ਵਿਚ। ਸਚਿ ਨਾਮਿ—ਸਦਾ-ਥਿਰ ਹਰੀ ਦੇ ਨਾਮ ਵਿਚ। ਸੁਣਿ—(ਸੋਇ) ਸੁਣ ਕੇ।4।

ਅਰਥ:- ਹੇ ਭਾਈ! ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹੀ ਆਰਾਧਨਾ ਕਰਨੀ ਚਾਹੀਦੀ ਹੈ, ਜਿਸ ਤੋਂ (ਜਗਤ ਦੀ) ਹਰੇਕ ਚੀਜ਼ ਹੋਂਦ ਵਿਚ ਆਈ ਹੈ। ਹੇ ਭਾਈ! ਪੂਰੇ ਗੁਰੂ ਨੇ (ਮੈਨੂੰ ਇਹ) ਸਮਝ ਬਖ਼ਸ਼ੀ ਹੈ ਕਿ ਉਸ (ਪਰਮਾਤਮਾ) ਤੋਂ ਬਿਨਾ ਹੋਰ ਕੋਈ (ਪੂਜਣ-ਜੋਗ) ਨਹੀਂ ਹੈ। ਰਹਾਉ।

ਹੇ ਭਾਈ! ਮਨ ਵਿਚ, ਤਨ ਵਿਚ, ਹਿਰਦੇ ਵਿਚ, (ਪ੍ਰਭੂ ਨੂੰ) ਟਿਕਾ ਕੇ ਉਸ ਸਭ ਤੋਂ ਵੱਡੇ ਗੋਬਿੰਦ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ। ਮਨੁੱਖ ਵਾਸਤੇ ਸਭ ਤੋਂ ਸ੍ਰੇਸ਼ਟ ਕਰਤੱਬ ਹੈ ਹੀ ਇਹ ਕਿ ਸਦਾ ਕਾਇਮ ਰਹਿਣ ਵਾਲਾ ਮਾਲਕ-ਪ੍ਰਭੂ (ਮਨੁੱਖ ਦੇ) ਮਨ ਵਿਚ ਵੱਸਿਆ ਰਹੇ। ਹੇ ਭਾਈ! ਜਿਸ ਜਿਸ ਸਰੀਰ ਵਿਚ ਪਰਮਾਤਮਾ ਦਾ ਨਾਮ ਪਰਗਟ ਨਹੀਂ ਹੁੰਦਾ ਉਹ ਸਾਰੇ ਸਰੀਰ ਵਿਅਰਥ ਗਏ ਸਮਝੋ। ਹੇ ਭਾਈ! (ਮੈਂ ਤਾਂ ਉਹਨਾਂ ਗੁਰਮੁਖਾਂ ਦੀ ਸੰਗਤਿ ਤੋਂ ਕੁਰਬਾਨ ਜਾਂਦਾ ਹਾਂ ਜਿਨ੍ਹਾਂ ਨੇ ਇੱਕ ਪਰਮਾਤਮਾ (ਦੇ ਨਾਮ ਨੂੰ ਜ਼ਿੰਦਗੀ) ਦਾ ਆਸਰਾ (ਬਣਾਇਆ ਹੋਇਆ) ਹੈ।1।

ਹੇ ਭਾਈ! ਉਹਨਾਂ ਮਨੁੱਖਾਂ ਦੀ ਗਿਣਤੀ ਗਿਣੀ ਨਹੀਂ ਜਾ ਸਕਦੀ, ਜੇਹੜੇ ਪਰਮਾਤਮਾ ਦੇ ਨਾਮ ਤੋਂ ਵਾਂਜੇ ਰਹਿ ਕੇ (ਮਾਇਆ ਦੇ ਮੋਹ ਵਿਚ) ਉਲਝ ਕੇ ਆਤਮਕ ਮੌਤੇ ਮਰਦੇ ਰਹਿੰਦੇ ਹਨ। ਹੇ ਭਾਈ! ਸਦਾ-ਥਿਰ ਪ੍ਰਭੂ (ਦੇ ਨਾਮ) ਤੋਂ ਬਿਨਾ ਆਤਮਕ ਪਵਿਤ੍ਰਤਾ ਪ੍ਰਾਪਤ ਨਹੀਂ ਹੋ ਸਕਦੀ। ਉਹ ਸਦਾ-ਥਿਰ ਅਪਹੁੰਚ ਮਾਲਕ ਹੀ (ਪਵਿਤ੍ਰਤਾ ਦਾ ਸੋਮਾ ਹੈ)। ਹੇ ਭਾਈ! (ਪ੍ਰਭੂ ਦੇ ਨਾਮ ਤੋਂ ਬਿਨਾ) ਜਨਮ ਮਰਨ (ਦਾ ਗੇੜ) ਨਹੀਂ ਮੁੱਕਦਾ। ਦੁਨੀਆ ਦੇ ਪਦਾਰਥਾਂ ਦਾ ਮਾਣ ਕੂੜਾ ਹੈ (ਇਹ ਮਾਣ ਤਾਂ ਲੈ ਡੁੱਬਦਾ ਹੈ, ਜਨਮ ਮਰਨ ਵਿਚ ਪਾਈ ਰੱਖਦਾ ਹੈ)। (ਦੂਜੇ ਪਾਸੇ) ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਹਰਿ-ਨਾਮ ਦੀ ਇਕ ਕਣੀ ਹੀ ਦੇ ਕੇ ਕ੍ਰੋੜਾਂ ਨੂੰ (ਜਨਮ ਮਰਨ ਦੇ ਗੇੜ ਵਿਚੋਂ) ਬਚਾ ਲੈਂਦਾ ਹੈ।2।

ਹੇ ਭਾਈ! ਸਿੰਮ੍ਰਿਤੀਆਂ ਸ਼ਾਸਤ੍ਰ ਵਿਚਾਰ ਵੇਖੇ ਹਨ (ਉਹਨਾਂ ਪਾਸੋਂ ਭੀ ਕੁਝ ਨਹੀਂ ਮਿਲਦਾ), ਗੁਰੂ ਤੋਂ ਬਿਨਾ (ਕਿਸੇ ਹੋਰ ਪਾਸੋਂ) ਭਟਕਣਾ ਦੂਰ ਨਹੀਂ ਹੋ ਸਕਦੀ। ਹੇ ਭਾਈ! (ਸ਼ਾਸਤ੍ਰ ਦੇ ਦੱਸੇ ਹੋਏ) ਅਨੇਕਾਂ ਕਰਮ ਕਰ ਕੇ ਮਨੁੱਖ ਥੱਕ ਜਾਂਦਾ ਹੈ, (ਸਗੋਂ) ਮੁੜ ਮੁੜ ਬੰਧਨ ਹੀ ਸਹੇੜਦਾ ਹੈ। ਹੇ ਭਾਈ! ਸਾਰਾ ਜਗਤ ਢੂੰਢ ਕੇ ਵੇਖ ਲਿਆ ਹੈ (ਭਟਕਣਾ ਨੂੰ ਦੂਰ ਕਰਨ ਲਈ) ਗੁਰੂ ਤੋਂ ਬਿਨਾ ਹੋਰ ਕੋਈ ਥਾਂ ਨਹੀਂ ਹੈ। ਹੇ ਭਾਈ! ਜਿਸ ਵਡਭਾਗੀ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ।3।

ਹੇ ਭਾਈ! ਸਦਾ-ਥਿਰ ਰਹਿਣ ਵਾਲਾ ਪਰਮਾਤਮਾ (ਹੀ) ਸਦਾ ਪਵਿਤ੍ਰ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਪਵਿਤ੍ਰ ਹੈ। ਹੇ ਭਾਈ! ਇਹ ਸਿਫ਼ਤਿ-ਸਾਲਾਹ ਉਸ ਮਨੁੱਖ ਨੂੰ ਮਿਲਦੀ ਹੈ ਜਿਸ ਉੱਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਤੇ, ਇਹੋ ਜਿਹਾ ਕੋਈ ਮਨੁੱਖ ਕ੍ਰੋੜਾਂ ਵਿਚੋਂ ਹੀ ਇਕ ਲੱਭਦਾ ਹੈ। ਹੇ ਨਾਨਕ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਰੰਗਿਆ ਰਹਿੰਦਾ ਹੈ, (ਪ੍ਰਭੂ ਦੀ ਸਿਫ਼ਤਿ-ਸਾਲਾਹ) ਸੁਣ ਸੁਣ ਕੇ ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦਾ ਸਰੀਰ ਪਵਿਤ੍ਰ ਹੋ ਜਾਂਦਾ ਹੈ।4।2।